ਦ.ਫਤਰ ਜ਼ਿਲ੍ਹਾ ਲੋਕ ਸੰਪਰਕ ਅ.ਫਸਰ,ਅੰਮ੍ਰਿਤਸਰ।

## ਖੁਸ਼ਹਾਲੀ ਦੇ ਰਾਖੇ ਸਾਬਕਾ ਫੌਜੀਆਂ ਵੱਲੋਂ ਆਪਣੀ ਅੱਧੀ ਤਨਖਾਹ ਰਾਹਤ ਕੰਮਾਂ ਵਿਚ ਲਗਾਉਣ ਦਾ ਐਲਾਨ

## ਸਾਬਕਾ ਫੌਜੀ ਯੁੱਧ ਵਾਂਗ ਕੋਰੋਨਾ ਵਿਰੁੱਧ ਡੱਟਣ-ਜਨਰਲ ਸ਼ੇਰਗਿਲ

## ਲੈਫੀ. ਜਨਰਲ  ਟੀ.ਐਸ ਸ਼ੇਰਗਿੱਲ ਵਲੋਂ ਅਧਿਕਾਰੀਆਂ ਨਾਲ ਮੀਟਿੰਗ

ਅੰਮ੍ਰਿਤਸਰ, 3 ਅਪ੍ਰੈਲ (                )-

ਪਰਮ ਵਿਸ਼ਿਸਟ ਸੇਵਾ ਮੈਡਲ ਲੈਫੀ. ਜਨਰਲ (ਸੇਵਾ ਮੁਕਤ) ਸ੍ਰੀ ਟੀ.ਐਸ ਸ਼ੇਰਗਿਲ ਸੀਨੀਅਰ ਵਾਈਸ ਚੇਅਰਮੈਨ 'ਗਾਰਡੀਅਨ ਆਫ ਗਵਰਨੈਂਸ' ਅਤੇ ਸੀਨੀਅਰ ਐਡਵਾਈਜ਼ਰ ਮੁੱਖ ਮੰਤਰੀ ਪੰਜਾਬ ਨਾਲ ਸਰਕਟ ਹਾਊਸ ਵਿਖੇ ਕੀਤੀ ਮੀਟਿੰਗ ਦੌਰਾਨ ਅੰਮ੍ਰਿਤਸਰ ਜ਼ਿਲ੍ਹੇ ਦੇ ਖੁਸ਼ਹਾਲੀ ਦੇ ਰਾਖੇ, ਜੋ ਕਿ ਸਾਬਕਾ ਫੌਜੀ ਹਨ,  ਵੱਲੋਂ ਆਪਣੀ ਮਹੀਨੇ ਦੀ ਅੱਧੀ ਤਨਖਾਹ ਜਿਲ੍ਹੇ ਵਿਚ ਚੱਲ ਰਹੇ ਰਾਹਤ ਕੰਮਾਂ ਵਿਚ ਲਗਾਉਣ ਦਾ ਐਲਾਨ ਕੀਤਾ। ਅੱਜ ਜ਼ਿਲਾ ਪ੍ਰਸ਼ਾਸਨ ਨਾਲ ਕਰਫਿਊ ਦੌਰਾਨ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪੁੱਜੇ ਸ੍ਰੀ ਟੀ.ਐਸ. ਸੇਰਗਿੱਲ ਨੇ ਸਾਬਕਾ ਫੌਜੀਆਂ ਵੱਲੋਂ ਕੀਤੇ ਇਸ ਐਲਾਨ ਲਈ ਧੰਨਵਾਦ ਕਰਦੇ ਕਿਹਾ ਕਿ ਤੁਸੀਂ ਯੋਧੇ ਹੋ ਅਤੇ ਤੁਸੀਂ ਦੁਸ਼ਮਣ ਨਾਲ ਕਈ ਜੰਗਾਂ ਲੜੀਆਂ ਹਨ। ਕੋਰੋਨਾ ਵਿਰੁੱਧ ਵੀ ਇਕ ਜੰਗ ਹੈ, ਜੋ ਅਸੀਂ ਸਾਰੇ ਲੜ ਰਹੇ ਹਾਂ ਅਤੇ ਤੁਸੀਂ ਇਸ ਜੰਗ ਵਿਚ ਲੋਕਾਂ ਨੂੰ ਘਰਾਂ ਵਿਚ ਰਹਿਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਕਰਫਿਊ ਦੌਰਾਨ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਕਰੋ।

ਉਨਾਂ ਕਿਹਾ ਕਿ ਸਾਰੇ ਪੰਜਾਬ ਵਿਚ ਜੀ.ਓ.ਜੀ. ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਅ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸੰਕਟ ਦੇ ਸਮੇਂ ਜਿਲਾ ਪ੍ਰਸ਼ਾਸ਼ਨ ਅਤੇ 'ਗਾਰਡੀਅਨ ਆਫ ਗਵਰਨੈਂਸ' ਦੇ ਵਲੰਟੀਅਰ ਆਪਸੀ ਤਾਲਮੇਲ ਨਾਲ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਿਲ ਨਾ ਆਉਣ ਦੇਣ। ਉਨਾਂ ਕਿਹਾ ਕਿ ਕਰਫਿਊ ਦੌਰਾਨ ਕਿਰਤੀ ਲੋਕ ਜੋ ਕਿ ਰੋਜ਼ ਕਮਾਈ ਕਰਕੇ ਆਪਣਾ ਘਰ ਚਲਾਉਂਦੇ ਸਨ, ਨੂੰ ਰਾਸ਼ਨ, ਦਵਾਈਆਂ ਅਤੇ ਹੋਰ ਲੋੜੀਦੀਆਂ ਵਸਤਾਂ ਦੀ ਸਪਲਾਈ ਨੂੰ ਯਕੀਨੀ ਬਨਾਉਣ ਵਿਚ ਜੀ. ਓ. ਜੀ. ਵੱਧ ਚੜ੍ਹ ਕੇ ਯੋਗਦਾਨ ਪਾਉਣ।

ਇਸ ਮੌਕੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਜਿਲ੍ਹੇ ਵਿਚ ਚੱਲ ਰਹੇ ਰਾਹਤ ਕੰਮਾਂ ਅਤੇ ਹਾੜੀ ਦੀ ਖਰੀਦ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਵੇਰਵਾ ਜਨਰਲ ਸ਼ੇਰਗਿਲ ਨਾਲ ਸਾਂਝਾ ਕੀਤਾ। ਅੰਮ੍ਰਿਤਸਰ ਜਿਲ੍ਹੇ ਦੇ ਜੀ ਓ ਜੀ ਮੁਖੀ ਸਾਬਕਾ ਕਰਨਲ ਐਸ. ਐਸ. ਸੰਧੂ ਨੇ ਦੱਸਿਆ ਕਿ ਜਿਲ੍ਹੇ ਵਿਚ 319 ਜੀ.ਓ.ਜੀ. ਹਨ ਅਤੇ ਇਹ ਰਕਮ ਕੋਈ ਕਰੀਬ 17 ਕੁ ਲੱਖ ਰੁਪਏ ਬਣੇਗੀ। ਉਨਾਂ ਦੱਸਿਆ ਕਿ ਅਸੀਂ ਇਸ ਰਕਮ ਨਾਲ ਪ੍ਰਸ਼ਾਸ਼ਨ ਦੀ ਸਲਾਹ ਉਤੇ ਲੋੜਵੰਦ ਲੋਕਾਂ ਤੱਕ ਸੁੱਕਾ ਰਾਸ਼ਨ ਪੁੱਜਦਾ ਕਰਾਂਗੇ। ਉਨਾਂ ਦੱਸਿਆ ਕਿ ਅਸੀਂ ਜਿਲ੍ਹੇ ਵਿਚੋਂ ਅਜਿਹੇ 40 ਹਜ਼ਾਰ ਪਰਿਵਾਰਾਂ ਦੀ ਸ਼ਨਾਖਤ ਕੀਤੀ ਹੈ ਅਤੇ ਇਸ ਵੇਲੇ ਵੀ ਸਰਕਾਰ ਵੱਲੋਂ ਇਨਾਂ ਨੂੰ ਰਾਹਤ ਸਮਗਰੀ ਭੇਜੀ ਜਾ ਰਹੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਓ ਐਸ ਡੀ ਸ. ਕਰਨਵੀਰ ਸਿੰਘ, ਡਿਪਟੀ ਡਾਇਰੈਕਟਰ ਸੈਨਿਕ ਵੈਲਫੇਅਰ ਲੈਫ. ਕਰਨਲ ਸਤਬੀਰ ਸਿੰਘ ਵੜੈਚ, ਉਪ ਜਿਲ੍ਹਾ ਮੁਖੀ ਕਰਨਲ ਆਈ. ਐਸ. ਸੰਧੂ, ਕਰਨਲ ਜੀ ਐਸ ਬਾਜਵਾ, ਕਰਨਲ ਕੇ. ਐਸ. ਢਿਲੋਂ, ਕਰਨਲ ਗੁਰਮੁੱਖ ਸਿੰਘ, ਕਰਨਲ ਐਸ ਐਸ ਢਿਲੋਂ, ਮੇਜਰ ਪੀ ਐਸ ਹੁੰਦਲ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਕੈਪਸ਼ਨ

-ਖੁਸ਼ਹਾਲੀ ਦੇ ਰਾਖੇ ਸਾਬਕਾ ਫੌਜੀਆਂ ਨਾਲ ਮੀਟਿੰਗ ਕਰਦੇ ਲੈਫੀ. ਜਨਰਲ (ਸੇਵਾ ਮੁਕਤ) ਸ੍ਰੀ ਟੀ.ਐਸ ਸ਼ੇਰਗਿਲ। ਨਾਲ ਹਨ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਅਤੇ ਹੋਰ।

=============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ।

**ਪੰਜਾਬ ਪੁਲਿਸ ਵੱਲੋਂ ਸਫਾਈ ਕਰਮਚਾਰੀਆਂ ਦਾ ਸਨਮਾਨ**

**ਸੁਰੱਖਿਆ ਕਿੱਟ ਦੇ ਕੇ ਸਫਾਈ ਕਰਮੀਆਂ ਦਾ ਵਧਾਇਆ ਹੌਸਲਾ**

ਅੰਮ੍ਰਿਤਸਰ, 3 ਅਪ੍ਰੈਲ ( )-

ਸ਼ਹਿਰ ਵਿਚ ਸਫਾਈ ਦਾ ਕੰਮ ਕਰ ਰਹੇ ਨਗਰ ਨਿਗਮ ਦੇ ਕਰਮਚਾਰੀਆਂ ਨੂੰ ਅੰਮ੍ਰਿਤਸਰ ਸ਼ਹਿਰ ਦੇ ਪੁਲਿਸ ਕਮਿਸ਼ਨਰ ਸ. ਸੁਖਚੈਨ ਸਿੰਘ ਗਿੱਲ ਦੇ ਨਿਰਦੇਸ਼ਾਂ ਉਤੇ ਡੀ ਸੀ ਪੀ ਸ. ਜਗਮੋਹਨ ਸਿੰਘ ਵੱਲੋਂ ਮੌਕੇ ਉਤੇ ਜਾ ਕੇ ਸਨਮਾਨਿਤ ਕੀਤਾ ਗਿਆ। ਉਨਾਂ ਕਿਹਾ ਕਿ ਜੋ ਲੋਕ ਮੋਰਚੇ ਉਤੇ ਕੋਰੋਨਾ ਵਿਰੁੱਧ ਲੜਾਈ ਲੜ ਰਹੇ ਹਨ, ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਉਨਾਂ ਨੂੰ ਮਾਣ-ਸਨਮਾਨ ਦਈਏ ਅਤੇ ਉਨਾਂ ਦਾ ਹੌਸ਼ਲਾ ਵਧਾਈਏ। ਉਨਾਂ ਦੱਸਿਆ ਕਿ ਅੱਜ ਪੰਜਾਬ ਪੁਲਿਸ ਦੇ ਜਵਾਨਾਂ ਨੇ ਇੰਨਾਂ ਨੂੰ ਸੁਰੱਖਿਆ ਲਈ ਕਿੱਟਾਂ ਮੁਹੱਈਆ ਕਰਵਾਈਆਂ ਹਨ। ਉਨਾਂ ਕਿਹਾ ਕਿ ਭਾਵੇਂ ਅਸੀਂ ਇੰਨਾ ਦਾ ਦੇਣ ਨਹੀਂ ਦੇ ਸਕਦੇ, ਪਰ ਸਾਡੀ ਕੋਸ਼ਿਸ਼ ਹੈ ਸਮਾਜ ਨੂੰ ਇਹ ਸੰਦੇਸ਼ ਦਿੱਤਾ ਜਾਵੇ ਕਿ ਫਰੰਟ ਉਤੇ ਲੜ ਰਹੇ ਇਹ ਕਰਮਚਾਰੀ ਅੱਜ ਕੋਰੋਨਾ ਵਿਰੁੱਧ ਲੜੀ ਜਾ ਰਹੀ ਜੰਗ ਦੇ ਹੀਰੋ ਹਨ ਅਤੇ ਤੁਸੀਂ ਸਾਰੇ ਇੰਨਾਂ ਨੂੰ ਮਾਣ-ਸਤਿਕਾਰ ਦਿਉ।

ਕੈਪਸ਼ਨ

ਸ਼ਹਿਰ ਦੇ ਸਫਾਈ ਕਰਮਚਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਡੀ ਸੀ ਪੀ ਜਗਮੋਹਨ ਸਿੰਘ।

=============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ।

## ਬੀ ਬੀ ਕੇ ਡੀ ਏ ਵੀ ਕਾਲਜ ਵੱਲੋਂ 52 ਹਜ਼ਾਰ ਰੁਪਏ ਦਾ ਯੋਗਦਾਨ

## ਐਸ ਡੀ ਐਮ ਮਜੀਠਾ ਨੇ ਕੀਤਾ ਧੰਨਵਾਦ

ਅੰਮ੍ਰਿਤਸਰ, 3 ਅਪ੍ਰੈਲ (        )-

ਕੋਵਿਡ 19 ਤੋਂ ਬਚਾਅ ਲਈ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਦਿਹਾੜੀਦਾਰ ਤੇ ਹੋਰ ਕਿਰਤੀ ਵਰਗ, ਜੋ ਕਿ ਕਮਾਈ ਕਰਨ ਤੋਂ ਅਸਮਰਥ ਹੋ ਗਿਆ ਹੈ, ਦੀਆਂ ਲੋੜਾਂ ਪੂਰੀਆਂ ਕਰਨ ਵਿਚ ਲੱਗੇ ਜਿਲ੍ਹਾ ਪ੍ਰਸ਼ਾਸ਼ਨ ਦੀ ਮਦਦ ਲਈ ਸਥਾਨਕ ਬੀ ਬੀ ਕੇ ਡੀ ਏ ਵੀ ਕਾਲਜ ਦੀ ਮੈਨਜਮੈਂਟ ਅਤੇ ਸਟਾਫ ਵੱਲੋਂ ਪ੍ਰਿੰਸੀਪਲ ਡਾ. ਪੁਸ਼ਪਿੰਦਰ ਵਾਲੀਆ ਦੀ ਅਗਵਾਈ ਹੇਠ 52500 ਰੁਪਏ ਦਾ ਵਿੱਤੀ ਯੋਗਦਾਨ ਐਸ ਡੀ ਐਮ ਮਜੀਠਾ ਸ੍ਰੀਮਤੀ ਅਲਕਾ ਕਾਲੀਆ ਨੂੰ ਦਿੱਤਾ ਗਿਆ। ਸ੍ਰੀਮਤੀ ਅਲਕਾ ਕਾਲੀਆ ਨੇ ਇਸ ਵਿੱਤੀ ਯੋਗਦਾਨ ਲਈ ਮੈਨਜਮੈਂਟ, ਪ੍ਰਿੰਸੀਪਲ ਅਤੇ ਸਟਾਫ ਦਾ ਧੰਨਵਾਦ ਕਰਦੇ ਕਿਹਾ ਕਿ ਸਾਨੂੰ ਖੁਸ਼ੀ ਹੈ ਕਿ ਸ਼ਹਿਰ ਦੇ ਵਿਦਿਅਕ ਅਦਾਰੇ ਵੀ ਸਮਾਜ ਸੇਵਾ ਵਿਚ ਸਾਡਾ ਸਾਥ ਦੇ ਰਹੇ ਹਨ। ਉਨਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਕੀਤੇ ਗਏ ਹਰੇਕ ਕੰਮ ਵਿਚ ਇਸ ਕਾਲਜ ਦਾ ਵੱਡਾ ਯੋਗਦਾਨ ਰਿਹਾ ਹੈ ਅਤੇ ਅੱਜ ਸੰਕਟ ਦੀ ਘੜੀ ਵੀ ਇੰਨਾਂ ਨੇ ਆਪਣੇ ਜ਼ਿਲ੍ਹਾ ਵਾਸੀਆਂ ਦੀ ਮਦਦ ਲਈ ਹੱਥ ਵਧਾਇਆ ਹੈ। ਉਨਾਂ ਦੱਸਿਆ ਕਿ ਕਾਲਜ ਦੇ ਅਧਿਕਾਰੀ ਸ੍ਰੀ ਰਤਨਜੀਤ ਸਿੰਘ ਹੁਰਾਂ ਵੱਲੋਂ ਇਹ ਪੈਸੇ ਨਾਇਬ ਤਹਿਸੀਲਦਾਰ ਮਜੀਠਾ ਸ. ਜਸਬੀਰ ਸਿੰਘ ਦੇ ਹਵਾਲੇ ਕਰ ਦਿੱਤੇ ਗਏ ਸਨ, ਜਿਸ ਵਿਚੋਂ ਅਸੀਂ ਅੱਜ ਮਜੀਠਾ ਸਬ ਡਵੀਜ਼ਨ ਦੇ ਕਈ ਘਰਾਂ ਵਿਚ ਰੋਟੀ-ਪਾਣੀ ਲਈ ਸੁੱਕਾ ਰਾਸ਼ਨ ਪੁੱਜਦਾ ਕਰ ਦਿੱਤਾ ਗਿਆ। ਇਸ ਤਰਾਂ ਲੋੜ ਵੇਲੇ ਇੰਨਾਂ ਵੱਲੋਂ ਕੀਤੀ ਮਦਦ ਨਾਲ ਲੋੜਵੰਦ ਲੋਕਾਂ ਦੇ ਚੁੱਲੇ ਬਲੇ ਹਨ।

ਕੈਪਸ਼ਨ

ਬੀ ਬੀ ਕੇ ਡੀ ਏ ਵੀ ਕਾਲਜ ਦੇ ਅਸਟੇਟ ਅਫਸਰ ਸ. ਰਤਨਜੀਤ ਸਿੰਘ ਮਜੀਠਾ ਦੇ ਨਾਇਬ ਤਹਿਸੀਲਦਾਰ ਜਸਬੀਰ ਸਿੰਘ ਨੂੰ ਰਾਹਤ ਕਾਰਜਾਂ ਲਈ ਚੈਕ ਭੇਟ ਕਰਦੇ ਹੋਏ।

============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ।

**ਕਣਕ ਦੀ ਵਾਢੀ ਅਤੇ ਖਰੀਦ ਦੇ ਢੁੱਕਵੇਂ ਪ੍ਰਬੰਧਾਂ ਲਈ ਡਿਪਟੀ ਕਮਿਸ਼ਨਰ ਵੱਲੋਂ ਹਦਾਇਤਾਂ**

**ਸਾਉਣੀ ਦੀਆਂ ਫਸਲਾਂ ਲਈ ਬੀਜ ਤੇ ਖਾਦਾਂ ਦਾ ਬੰਦੋਬਸਤ ਕਰ ਰਿਹੈ ਖੇਤੀ ਵਿਭਾਗ**

ਅੰਮ੍ਰਿਤਸਰ, 3 ਅਪ੍ਰੈਲ ( )-

ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਭਰੋਸਾ ਦਿੱਤਾ ਹੈ ਕਿ ਕੋਵਿਡ-19 ਅਤੇ ਕਰਫਿਊ ਬੰਦਸ਼ਾਂ ਦੇ ਮੱਦੇਨਜ਼ਰ ਜਿਲ੍ਹੇ ਵਿਚ ਕਣਕ ਦੀ ਨਿਰਵਿਘਨ ਖਰੀਦ ਅਤੇ ਮੰਡੀਕਰਨ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨਾਂ ਦੱਸਿਆ ਕਿ ਬੀਤੀ ਸ਼ਾਮ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਵੀ ਵੀਡੀਓ ਕਾਨਫਰੰਸਿੰਗ ਜ਼ਰੀਏ ਖੇਤੀ ਕਾਰਜ ਬਿਨਾਂ ਕਿਸੇ ਦਿੱਕਤ ਜਾਰੀ ਰੱਖਣ ਦੀ ਹਦਾਇਤ ਕੀਤੀ ਹੈ।

ਸ. ਢਿਲੋਂ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਕਣਕ ਦੀ ਵਢਾਈ ਅਤੇ ਇਸ ਦਾ ਇਕ-ਇਕ ਦਾਣਾ ਖਰੀਦਣ ਲਈ ਢੁਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਮੁੱਖ ਖੇਤੀਬਾੜੀ ਅਧਿਕਾਰੀ ਅੰਮ੍ਰਿਤਸਰ ਅਤੇ ਡਿਪਟੀ ਡਾਇਰੈਕਟਰ ਬਾਗਬਾਨੀ ਨੂੰ ਵੀ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ, ਬਾਗਬਾਨੀ ਅਤੇ ਸਬਜੀਆਂ ਲਈ ਖਾਦਾਂ, ਬੀਜ, ਤਕੀਨਕੀ ਸਲਾਹ ਅਤੇ ਹੋਰ ਸਹਾਇਤਾ ਦੇਣ ਦੇ ਪ੍ਰਬੰਧ ਕੀਤੇ ਜਾਣ।

ਉਨਾਂ ਕਿਹਾ ਕਿ ਕਿਸਾਨਾਂ, ਮਜ਼ਦੂਰਾਂ, ਕੰਬਾਇਨਾਂ ਆਦਿ ਨੂੰ ਕਣਕ ਦੀ ਵਢਾਈ ਅਤੇ ਬਿਜਾਈ ਦੇ ਖੇਤੀ ਕਾਰਜਾਂ ਲਈ ਬਿਨਾਂ ਕਿਸੇ ਦਿੱਕਤ ਤੋਂ ਆਉਣ-ਜਾਣ ਦੇ ਪ੍ਰਬੰਧ ਕੀਤੇ ਜਾਣਗੇ। ਉਨਾਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਖੇਤੀ ਮਸ਼ੀਨਰੀ ਦੀ ਮੁਰੰਮਤ ਕਰਨ ਵਾਲੀਆਂ ਵਰਕਸ਼ਾਪਾਂ ਅਤੇ ਸਬੰਧਤ ਸਪੇਅਰ ਪਾਰਟਸ ਵਾਲੀਆਂ ਦੁਕਾਨਾਂ, ਬੀਜਾਂ, ਖਾਦਾਂ, ਕੀਟਨਾਸ਼ਕਾਂ, ਨਦੀਨਨਾਸ਼ਕਾਂ ਦੀ ਵਿਕਰੀ ਅਤੇ ਇਨਾਂ ਦੀ ਢੁਕਵੀਂ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਪ੍ਰਬੰਧ ਵੀ ਕੀਤੇ ਜਾਣ, ਤਾਂ ਜੋ ਖੇਤੀ ਕੰਮਾਂ ਲਈ ਕੋਈ ਮੁਸ਼ਿਕਲ ਨਾ ਆਵੇ। ਉਨਾਂ ਦੱਸਿਆ ਕਿ ਇਸੇ ਤਰ੍ਹਾਂ ਕਣਕ ਦੀ ਆਮਦ ਲਈ ਅਨਾਜ ਮੰਡੀਆਂ ਵਿੱਚ ਸਾਰੇ ਲੋੜੀਂਦੇ ਇੰਤਜ਼ਾਮ ਕਰਨ ਤੋਂ ਇਲਾਵਾ ਖਰੀਦ ਏਜੰਸੀਆਂ ਨੂੰ ਘੱਟੋ-ਘੱਟ ਸਮਰਥਨ 'ਤੇ ਖਰੀਦ ਕਰਨ ਲਈ ਤਿਆਰ ਰਹਿਣ ਦੀਆਂ ਹਦਾਇਤਾਂ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ।

=============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ।

## ਪਸ਼ੂ ਪਾਲਕਾਂ ਨੂੰ ਸੇਵਾਵਾਂ ਪ੍ਰਦਾਨ ਕਰਨ ਲਈ ਸਾਰੇ ਪਸ਼ੂ ਹਸਪਤਾਲ ਅਤੇ ਡਿਸਪੈਂਸਰੀਆਂ ਖੁਲੀਆਂ

ਅੰਮ੍ਰਿਤਸਰ, 3 ਅਪ੍ਰੈਲ (            )-

ਸਰਕਾਰ ਵਲੋਂ ਕਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿੱਤੀ ਦੇ ਚਲਦਿਆਂ ਸੂਬੇ ਵਿਚ ਪਹਿਲਾਂ ਲਾਕਡਾਊਨ ਅਤੇ ਹੁਣ ਕਰਫਿਊ ਲਗਾਇਆ ਗਿਆ ਹੈ, ਪਰ ਇਸ ਸੰਕਟ ਦੀ ਘੜੀ ਵਿਚ ਵੀ ਦੁੱਧ ਲੋਕਾਂ ਦੀ ਅਹਿਮ ਲੋੜ ਹੈ, ਇਸ ਤੋਂ ਇਲਾਵਾ ਮੀਟ ਅਤੇ ਅੰਡੇ ਵੀ ਲੋਕਾਂ ਦੇ ਭੋਜਨ ਦਾ ਅਹਿਮ ਹਿੱਸਾ ਹਨ, ਜਿਸ ਨੂੰ ਦੇਖਦਿਆਂ ਲੋਕਾਂ ਦੀ ਸਹੂਲਤ ਅਤੇ ਪਸ਼ੂ ਪਾਲਕਾਂ ਦੀ ਮੱਦਦ ਲਈ ਜਿਲ੍ਹੇ ਦੇ ਸਾਰੇ ਪਸ਼ੂ ਹਸਪਤਾਲ ਅਤੇ ਡਿਸਪੈਂਸਰੀਆਂ ਖੁਲ੍ਹੀਆਂ ਰੱਖੀਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਪਵਨ ਮਲੋਹਤਰਾ ਨੇ ਦੱਸਿਆ ਕਿ ਪਸ਼ੂ ਪਾਲਕਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਵਿਚ ਰੱਖਦਿਆਂ ਪਸ਼ੂ ਪਾਲਣ ਵਿਭਾਗ ਵਲੋਂ ਜਿਲ੍ਹੇ ਭਰ ਵਿਚ ਨਿਰੰਤਰ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਉਨਾਂ ਦੱਸਿਆ ਕਿ ਜਿਲ੍ਹਾ ਦਾ ਇਕ ਪੋਲੀ ਕਲੀਨਿਕ, 73 ਪਸ਼ੂ ਹਸਪਤਾਲ ਤੇ 120 ਵੈਟਰਨਰੀ ਕਲੀਨਕ ਪਸ਼ੂ ਮਾਲਕਾਂ ਲਈ ਕੰਮ ਕਰ ਰਹੇ ਹਨ।

ਇਸ ਤੋਂ ਇਲਾਵਾ ਵੈਟਰਨਰੀ ਨੂੰ ਜਰੂਰੀ ਸੇਵਾਵਾਂ ਵਿਚ ਹੋਣ ਕਾਰਨ ਸ਼ਹਿਰ ਵਿਚ ਤੂੜੀ, ਹਰਾ ਚਾਰਾ, ਫੀਡ ਆਦਿ ਦੀ ਸਪਲਾਈ ਲਈ ਕੰਮ ਕਰਨ ਵਾਲੇ ਕਾਰੋਬਾਰੀ ਅਦਾਰਿਆਂ ਨੂੰ ਕਰਫਿਊ ਪਾਸ ਵੀ ਜਾਰੀ ਕੀਤੇ ਜਾ ਰਹੇ ਹਨ। ਉਨਾਂ ਦੱਸਿਆ ਕਿ ਘਰੇਲੂ ਪਸ਼ੂ ਪਾਲਕਾ ਦੇ ਪਸ਼ੂਆਂ ਲਈ ਬਨਾਉਟੀ ਗਰਭਦਾਨ ਦੀਆਂ ਸੇਵਾਵਾਂ ਵੀ ਨਿਰੰਤਰ ਵਿਭਾਗ ਵੱਲੋਂ ਜਾਰੀ ਹਨ। ਸ੍ਰੀ ਮਲਹੋਤਰਾ ਨੇ ਦੱਸਿਆ ਕਿ ਜਿਲ੍ਹੇ ਵਿਚ ਚੱਲਦੀਆਂ ਗਊਸ਼ਾਲਾ ਦੇ ਕਾਮਿਆਂ ਅਤੇ ਉਨਾਂ ਦੇ ਪ੍ਰਬੰਧਕਾਂ ਨੂੰ ਗਊਸ਼ਾਲਾ ਦੀ ਸਾਂਭ-ਸੰਭਾਲ ਲਈ ਕਰਫਿਊ ਪਾਸ ਵੀ ਵਿਭਾਗ ਵੱਲੋਂ ਜਾਰੀ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਸ਼ਹਿਰ ਵਿਚ ਪਸ਼ੂਆਂ, ਆਵਾਰਾ ਕੁੱਤਿਆਂ ਤੇ ਪੰਛੀਆਂ ਲਈ ਕੰਮ ਕਰਦੀਆਂ ਗੈਰ ਸਰਕਾਰੀ ਸੰਸਥਾਵਾਂ ਨੂੰ ਕਰਫਿਊ ਦੇ ਦਿਨਾਂ ਵਿਚ ਵੀ ਉਕਤ  ਬੇਜ਼ੁਬਾਨਿਆਂ ਦੀ ਸੇਵਾ ਲਈ ਕਰਫਿਊ ਪਾਸ ਜਾਰੀ ਕੀਤੇ ਜਾ ਚੁੱਕੇ ਹਨ।

=============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ।

## ਓ.ਪੀ.ਡੀ. ਦੌਰਾਨ ਸਮਾਜਿਕ ਦੂਰੀ ਬਣਾਉਣਾ ਜਰੂਰੀ-ਸਿਵਲ ਸਰਜਨ

## ਸਿਹਤ ਕਰਮੀਆਂ ਅਤੇ ਆਮ ਲੋਕਾਂ ਨੂੰ ਕੀਤੀ ਅਪੀਲ

**ਅੰਮ੍ਰਿਤਸਰ,** 3 **ਅਪ੍ਰੈਲ** (          )-

ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਨੇ ਕੋਰੋਨਾ ਵਾਇਰਸ ਦੇ ਚਲਦਿਆਂ ਆਮ ਲੋਕਾਂ ਨੂੰ ਸਮਾਜਿਕ ਦੂਰੀ ਬਣਾ ਕੇ ਰੱਖਣ ਦੀ ਅਪੀਲ ਕੀਤੀ ਹੈ। ਉਨ੍ਹਾਂ ਸਮੂਹ ਐਸ.ਐਮ.ਓਜ਼ ਨੂੰ ਹਦਾਇਤ ਕੀਤੀ ਕਿ ਨੋਵਲ ਕੋਰੋਨਾ ਵਾਇਰਸ ਦੇ ਇਸ ਚੁਣੌਤੀ ਪੂਰਨ ਸਮੇਂ ਦੌਰਾਨ ਓ.ਪੀ.ਡੀ. ਵਿਚ ਆਉਣ ਵਾਲੇ ਮਰੀਜ਼ਾਂ ਵਿਚਕਾਰ ਸਮਾਜਿਕ ਦੂਰੀ ਬਣਾਈ ਰੱਖਣਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਹਸਪਤਾਲ ਅਤੇ ਕਲੀਨਕਾਂ ਵਿਚ ਆਉਂਦਾ ਸਟਾਫ ਵੀ ਆਪਸੀ ਦੂਰੀ ਦੇ ਨਾਲ-ਨਾਲ ਮਰੀਜਾਂ ਤੋਂ ਬਰਾਬਰ ਸਰੀਰਕ ਦੂਰੀ ਬਣਾ ਕੇ ਰੱਖੇ, ਤਾਂ ਕਿ ਵਾਇਰਸ ਦਾ ਫੈਲਾਅ ਨਾ ਹੋਵੇ।

ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਸਥਿਤੀ ਦੌਰਾਨ ਘਰਾਂ ਤੋਂ ਬਾਹਰ ਨਾ ਨਿੱਕਲਣ, ਘਰ ਵਿਚ ਰਹਿ ਕੇ ਆਪਣੀ ਅਤੇ ਆਪਣੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾਉਣ। ਉਨ੍ਹਾਂ ਨਾਲ ਹੀ ਦੱਸਿਆ ਕਿ ਵਿਭਾਗ ਵੱਲੋਂ ਆਮ ਲੋਕਾਂ ਨੂੰ ਕੋਰੋਨਾ ਵਾਇਰਸ ਅਤੇ ਇਸ ਤੋਂ ਬਚਾਅ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ੱਕੀ ਮਰੀਜ਼ਾਂ ਨੂੰ 14 ਦਿਨ ਲਈ ਆਈਸੋਲੇਟ ਕਰਕੇ ਰੱਖਿਆ ਜਾਂਦਾ ਹੈ ਤਾਂ ਜੋ ਇਸ ਬਿਮਾਰੀ ਦੀ ਲੜੀ ਨੂੰ ਤੋੜਿਆ ਜਾ ਸਕੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਬਾਹਰੋਂ ਆਏ ਵਿਅਕਤੀਆਂ ਦੀ ਸੂਚਨਾ ਦੇਣਾ ਆਪਣਾ ਫਰਜ਼ ਸਮਝਣ ਤਾਂ ਜੋ ਉਨ੍ਹਾਂ ਦਾ ਚੈੱਕਅਪ ਕਰਕੇ ਉਨ੍ਹਾਂ ਦੀ ਅਤੇ ਉਨ੍ਹਾਂ ਦੇ ਪਰਿਵਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਇਸ ਸਬੰਧੀ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸ਼ਨ ਅਤੇ ਸਿਹਤ ਵਿਭਾਗ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ।

=============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਅੰਮ੍ਰਿਤਸਰ।

## ਭਾਈ ਨਿਰਮਲ ਸਿੰਘ ਦੀਆਂ ਅੰਤਿਮ ਰਸਮਾਂ ਵਿਚ ਸ਼ਾਮਿਲ ਰਹੇ ਕਰਮਚਾਰੀਆਂ ਨੂੰ ਦਿੱਤੇ ਸਰਟੀਫਿਕੇਟ

## ਏ ਸੀ ਆਰ ਵਿਚ ਦਰਜ ਹੋਵੇਗਾ ਬਤੌਰ ਕਰਮਚਾਰੀ ਕੀਤਾ ਕੰਮ

ਅੰਮ੍ਰਿਤਸਰ, 3 ਅਪ੍ਰੈਲ (    )-

ਪੰਥ ਪ੍ਰਸਿਧ ਕੀਰਤਨੀਏ, ਸਾਬਕਾ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਪਦਮ ਸ੍ਰੀ ਭਾਈ ਨਿਰਮਲ ਸਿੰਘ ਜਿੰਨਾ ਦਾ ਅੰਤਿਮ ਸੰਸਕਾਰ ਕੱਲ ਪਿੰਡ ਵੇਰਕਾ ਦੀ ਸ਼ਾਮਲਾਟ ਜ਼ਮੀਨ ਵਿਚ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਕੀਤਾ ਗਿਆ ਸੀ, ਦੀਆਂ ਅੰਤਿਮ ਰਸਮਾਂ ਵਿਚ ਬਿਨਾਂ-ਕਿਸੇ ਦਬਾਅ ਵਿਚ ਆਪਣੀ ਡਿਊਟੀ ਲਈ ਗਏ ਸਿਹਤ ਵਿਭਾਗ ਦੇ 6 ਕਰਮਚਾਰੀਆਂ ਨੂੰ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਵੱਲੋਂ ਜਿਲ੍ਹਾ ਪ੍ਰਸ਼ਾਸ਼ਨ ਨੇ ਸਰਟੀਫਿਕੇਟ ਜਾਰੀ ਕੀਤੇ ਹਨ। ਐਸ ਡੀ ਐਮ ਸ੍ਰੀ ਵਿਕਾਸ ਹੀਰਾ, ਜੋ ਕਿ ਕੱਲ੍ਹ ਇਨਾਂ ਅੰਤਿਮ ਰਸਮਾਂ ਵਿਚ ਦੇਰ ਰਾਤ ਤੱਕ ਸ਼ਾਮਿਲ ਰਹੇ, ਨੇ ਦੱਸਿਆ ਕਿ ਇਕ ਪਾਸੇ ਤਾਂ ਵੇਰਕਾ ਦੇ ਕੁੱਝ ਉਹ ਲੋਕ ਸਨ, ਜੋ ਬਿਨਾਂ ਕਿਸੇ ਵਿਗਿਆਨਕ ਅਧਾਰ ਉਤੇ ਇਹ ਕਹਿ ਕੇ ਸਸਕਾਰ ਤੋਂ ਮਨ੍ਹਾ ਕਰ ਰਹੇ ਸਨ, ਕਿ ਜੇਕਰ ਉਨਾਂ ਦੇ ਪਿੰਡ ਨੇੜੇ ਸਮਸ਼ਾਨਘਾਟ ਵਿਚ ਭਾਈ ਨਿਰਮਲ ਸਿੰਘ, ਜੋ ਕਿ ਕੋਵਿਡ 19 ਤੋਂ ਪੀੜਤ ਰਹੇ ਸਨ, ਦਾ ਸਸਕਾਰ ਕਰ ਦਿੱਤਾ ਗਿਆ ਤਾਂ ਇਸ ਨਾਲ ਸਾਡੇ ਇਲਾਕੇ ਵਿਚ ਵਾਇਰਸ ਫੈਲ ਜਾਵੇਗਾ, ਜਦਕਿ ਦੂਜੇ ਪਾਸੇ ਇਨਾਂ ਕਰਮਚਾਰੀਆਂ ਨੇ ਆਪ ਭਾਈ ਸਾਹਿਬ ਦੀਆਂ ਅੰਤਿਮ ਰਸਮਾਂ ਪੂਰੀਆਂ ਕੀਤੀਆਂ।

ਸ੍ਰੀ ਹੀਰਾ ਨੇ ਕਿਹਾ ਕਿ ਸਾਨੂੰ ਆਪਣੇ ਕਰਮਚਾਰੀਆਂ ਉਤੇ ਮਾਣ ਹੈ, ਜੋ ਕਿ ਦਿਨ-ਰਾਤ ਮਰੀਜਾਂ ਦੀ ਸੇਵਾ ਵਿਚ ਲੱਗੇ ਹੋਏ ਹਨ। ਉਨਾਂ ਕਿਹਾ ਕਿ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਦੀਆਂ ਹਦਾਇਤਾਂ ਉਤੇ ਇੰਨਾ ਦਾ ਇਹ ਨੇਕ ਕੰਮ ਇੰਨਾਂ ਦੀ ਸਾਲਨਾ ਰਿਪੋਰਟ (ਏ ਸੀ ਆਰ) ਵਿਚ ਵੀ ਦਰਜ ਕੀਤਾ ਜਾਵੇਗਾ।

==========